# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 31-03-2025**

ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਈਦ-ਉਲ-ਫ਼ਿਤਰ ਦਾ ਤਿਓਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈਆ ਜਾ ਰਿਹਾ ਏ। ਇਹ ਤਿਉਹਾਰ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਅਖੀਰ ਨੂੰ ਦਰਸਾਉਂਦਾ ਏ । ਨਮਾਜ਼ੀਆਂ ਨੇ ਈਦਗਾਹ ਅਤੇ ਮਸਜਿਦਾਂ ਵਿੱਚ ਨਮਾਜ਼ ਅਦਾ ਕੀਤੀ । ਬਾਅਦ ਵਿੱਚ, ਉਨ੍ਹਾਂ ਨੇ ਇੱਕ ਦੂਜੇ ਨੂੰ ਈਦ ਦੀ ਮੁਬਾਰਕਬਾਦ ਦਿੱਤੀ। ਲੋਕ ਆਪਣੇ ਰਿਸ਼ਤੇਦਾਰਾਂ ਅਤੇ ਪਰਿਵਾਰਕ ਮੈਂਬਰਾਂ ਨੂੰ ਮਿਲ ਰਹੇ ਨੇ ਅਤੇ ਇੱਕ ਦੂਜੇ ਨੂੰ ਮਠਿਆਈਆਂ ਅਤੇ ਸ਼ੁਭਕਾਮਨਾਵਾਂ ਦੇ ਰਹੇ ਨੇ। ਰਾਸ਼ਟਰਪਤੀ , ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਈਦ-ਉਲ-ਫਿਤਰ ਮੌਕੇ ਲੋਕਾਂ ਨੂੰਮੁਬਾਰਕਬਾਦ ਦਿਤੀ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਸ ਪ੍ਰਗਟਾਈ ਕਿ ਇਹ ਤਿਉਹਾਰ ਸ਼ਾਂਤੀ, ਪ੍ਰਗਤੀ ਅਤੇ ਖੁਸ਼ਹਾਲੀ ਲਿਆਵੇਗਾ ਅਤੇ ਸਕਾਰਾਤਮਕ ਸੋਚ ਨਾਲ ਅੱਗੇ ਵਧਣ ਦੀ ਤਾਕਤ ਦੇਵੇਗਾ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਈਦ

ਸੱਭਿਆਚਾਰਕ ਵਨ ਸੁਵੰਨਤਾ ਅਤੇ ਏਕਤਾ ਦਾ ਪ੍ਰਤੀਕ ਏ । ਉਨ੍ਹਾਂ ਆਸ ਪ੍ਰਗਟਾਈ ਕਿ ਇਹ ਤਿਉਹਾਰ ਸਾਨੂੰ ਉਨ੍ਹਾਂ ਕਦਰਾਂ-ਕੀਮਤਾਂ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕਰੇਗਾ ਜੋ ਸਾਡੇ ਜੀਵਨ ਨੂੰ ਦਿਸ਼ਾ ਦਿੰਦੀਆਂ ਹਨ ਅਤੇ ਸਾਨੂੰ ਇੱਕ ਮਜ਼ਬੂਤ, ਖੁਸ਼ਹਾਲ ਰਾਸ਼ਟਰ ਵਜੋਂ ਇਕਜੁੱਟ ਰੱਖਦੀਆਂ ਨੇ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਈਦ-ਉਲ-ਫਿਤਰ ਦੀਆਂ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿਚ , ਸ਼੍ਰੀ ਮੋਦੀ ਨੇ ਉਮੀਦ ਜਤਾਈ ਕਿ ਇਹ ਤਿਉਹਾਰ, ਸਮਾਜ ਵਿੱਚ ਉਮੀਦ, ਸਦਭਾਵਨਾ ਅਤੇ ਦਿਆਲਤਾ ਦੀ ਭਾਵਨਾ ਨੂੰ ਵਧਾਏਗਾ। ਸ੍ਰੀ ਮੋਦੀ ਨੇ ਸਾਰਿਆਂ ਨੂੰ ਉਨ੍ਹਾਂ ਦੇ ਉਪਰਾਲਿਆਂ ਵਿੱਚ ਖੁਸ਼ੀ ਅਤੇ ਸਫਲਤਾ ਦੀ ਕਾਮਨਾ ਕੀਤੀ।

---------------------------------------------------------------------------

ਪੰਜਾਬ ਵਿੱਚ, ਈਦ ਦਾ ਤਿਉਹਾਰ ਪੂਰੇ ਸੂਬੇ ਵਿੱਚ ਧਾਰਮਿਕ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਜਾ ਰਿਹਾ ਹੈ। ਇਸ ਦੌਰਾਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਤਿਹਾਸਕ ਸ਼ਹਿਰ ਮਲੇਰਕੋਟਲਾ ਵਿੱਚ ਈਦਗਾਹ ਵਿਖੇ ਦੁਆ ਕੀਤੀ ਕੁਝ ਵਿਕਾਸ ਪ੍ਰੋਜੈਕਟਾਂ ਬਾਰੇ ਗੱਲ ਕਰਦਿਆਂ ਕੇਂਦਰ ਦੇ ਵੱਡੇ ਯੋਗਦਾਨ ਨਾਲ ਇੱਕ ਮੈਡੀਕਲ ਕਾਲਜ ਬਣਾਉਣ ਦਾ ਐਲਾਨ ਵੀ ਕੀਤਾ । ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ, ਹਰ ਬੀਜ ਚੰਗੇ ਲਈ ਉਗ ਸਕਦਾ ਏ ਪਰ ਨਫ਼ਰਤ ਦਾ ਨਹੀਂ ਉਗ

ਸਕਦਾ ਕਿਉਂਕਿ ਸੂਬੇ ਦੇ ਲੋਕਾਂ ਨੇ ਕਦੇ ਵੀ ਇਸਨੂੰ ਪੁੰਗਰਨ ਨਹੀਂ ਦੇਣਾ। ਏਧਰ ਗੁਰਦਾਸਪੁਰ 'ਚ ਅਹਿਮਦੀਆ ਮੁਸਲਿਮ ਭਾਈਚਾਰੇ ਦੇ ਹੈੱਡ ਕੁਆਰਟਰ ਕਸਬਾ ਕਾਦੀਆਂ ਵਿਖੇ ਵੀ ਮੁਸਲਿਮ ਭਾਈਚਾਰੇ ਵੱਲੋਂ ਈਦ ਦੀ ਨਮਾਜ਼ ਅਦਾ ਕੀਤੀ ਗਈ। ਮਸਜਿਦ ਵਿਖੇ ਜਮਾਤ ਅਹਿਮਦੀਆ ਦੇ ਭਾਰਤ ਦੇ ਸਕੱਤਰ ਮੁਹੰਮਦ ਇਨਾਮ ਗੌਰੀ ਨੇ ਈਦ ਦੀ ਨਮਾਜ਼ ਅਦਾ ਕਰਵਾਈ। ਨਮਾਜ਼ ਅਦਾ ਕਰਨ ਉਪਰੰਤ ਈਦ ਦਾ ਖੁਤਬਾ ਦਿੰਦਿਆਂ ਉਨਾ ਇਸ ਈਦ ਦੀ ਅਹਿਮੀਅਤ ਤੇ ਚਾਨਣਾ ਪਾਉਂਦੀਆਂ ਆਖਿਆ ਕਿ ਇੱਕ ਮਹੀਨਾ ਰੋਜ਼ੇ ਰਖਣ ਕਾਰਨ ਆਤਮਾ ਪਵਿੱਤਰ ਹੋ ਜਾਂਦੀ ਏ ਅਤੇ ਰੋਜ਼ੇ ਰਖਣ ਨਾਲ ਗਰੀਬਾਂ ਅਤੇ ਭੁਖਿਆਂ ਦੀ ਤਕਲੀਫ਼ ਦਾ ਅਹਿਸਾਸ ਹੁੰਦਾ ਏ। ਉਨਾ ਕਿਹਾ ਕਿ ਹਰੇਕ ਮੁਸਲਮਾਨ ਦਾ ਫਰਜ਼ ਬਣਦਾ ਏ ਕਿ ਉਹ ਗਰੀਬਾਂ ਅਤੇ ਭੁਖਿਆਂ ਦੀ ਮਦਦ ਲਈ ਅੱਗੇ ਆਵੇ ਅਤੇ ਆਪਣੀ ਕਮਾਈ ਦਾ ਇੱਕ ਹਿੱਸਾ ਲੋੜ ਵੰਦ ਲੋਕਾਂ ਲਈ ਰਖੇ । ਹਸਿਆਰਪੁਰ ਦੇ ਕਮਾਲ-ਪੁਰ ਸਥਿਤ ਜਾਮਾ ਮਸਜਿਦ, ਮੁਕਤਸਰ ਦੀ ਇਤਿਹਾਸਕ ਜਾਮਾ ਮਸਜਿਦ ਸਮਰਾਲਾ ਦੇ ਮਦਰਸੇ ਵਿੱਚ ਵੀ ਸਬਨੇ ਮਿਲਕੇ ਈਦ - ਉਲ਼ -ਫਿਤਰ ਦਾ ਤਿਓਹਾਰ ਮਨਾਇਆ ।

---------------------------------------------------------------------------

ਪੰਜਾਬ ਵਿਚ ਕੁਦਰਤੀ ਪਾਣੀਆਂ, ਨਿੱਜੀ ਤਲਾਬਾਂ ਅਤੇ ਪੰਚਾਇਤੀ ਛੱਪੜਾਂ ਤੋਂ ਸਾਲਾਨਾ ਕੁੱਲ ਇਕ ਲਖ 81 ਹਜ਼ਾਰ 188 ਟਨ ਮੱਛੀ ਪੈਦਾ

ਕਰ ਰਿਹਾ ਏ। ਇਸ ਵੇਲੇ ਸੂਬੇ ਵਿੱਚ 43 ਹਜ਼ਾਰ 973 ਏਕੜ ਰਕਬਾ ਮੱਛੀ ਪਾਲਣ ਅਧੀਨ ਏ। ਸੂਬੇ ਦੇ ਮੱਛੀ ਪਾਲਣ ਵਿਭਾਗ ਨੇ ਕੇਂਦਰੀ ਪ੍ਰਾਯੋਜਿਤ ਪ੍ਰਧਾਨ ਮੰਤਰੀ ਮਤਸਿਆ ਸੰਪਦਾ ਯੋਜਨਾ ਤਹਿਤ 4 ਸਾਲਾਂ ਵਿੱਚ 618 ਪਰਿਵਾਰਾਂ ਨੂੰ 30 ਕਰੋੜ ਰੁਪਏ ਤੋਂ ਵੱਧ ਦੀ ਸਬਸਿਡੀ ਵੰਡੀ ਏ। ਮੱਛੀ ਪਾਲਕਾਂ ਨੂੰ ਮੱਛੀ ਪਾਲਣ ਦੀਆਂ ਨਵੀਆਂ ਤਕਨੀਕਾਂ, ਸਰਬੋਤਮ ਅਭਿਆਸਾਂ ਅਤੇ ਨਵੇਂ ਤਰੀਕਿਆਂ ਬਾਰੇ ਜਾਗਰੂਕ ਕਰਨ ਲਈ ਵਿਭਾਗ ਨੇ ਕੱਲ੍ਹ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਸੀ। ਸੂਬੇ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ 16 ਸਰਕਾਰੀ ਮੱਛੀ ਬੀਜ ਫਾਰਮਾਂ ’ਤੇ ਸਾਲਾਨਾ ਲਗਭਗ 14 ਕਰੋੜ ਮਿਆਰੀ ਪੂੰਗ ਤਿਆਰ ਕਰਕੇ ਕਿਸਾਨਾਂ ਨੂੰ ਸਬਸਿਡੀ ’ਤੇ ਦਿੱਤਾ ਜਾਂਦਾ ਏ। ਪੰਜਾਬ ਵਿੱਚ ਹਜ਼ਾਰਾਂ ਏਕੜ ਜ਼ਮੀਨ ਉੱਤੇ ਝੀਂਗਾ ਪਾਲਣ ਵੀ ਕੀਤਾ ਜਾ ਰਿਹਾ ਏ।

---

ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੱਲ ਜਲੰਧਰ ਦੇ ਕਾਲਾ ਸੰਘਿਆ ਡਰੇਨ ਨੇੜੇ ਬਸਤੀ ਪੀਰਦਾਦ ਦੇ 50 MLD ਅਤੇ 15 MLD ਦੇ ਟਰੀਟਮੈਂਟ ਪਲਾਂਟਾਂ ਦਾ ਦੌਰਾ ਕੀਤਾ। ਇਸ ਮੌਕੇ ਡਰੇਨ ਵਿੱਚ ਪਾਏ ਜਾ ਰਹੇ ਗੰਦੇ ਪਾਣੀ ਦਾ ਸਖਤ ਨੋਟਿਸ ਲੈਂਦਿਆਂ, ਸੰਤ ਸੀਚੇਵਾਲ ਨੇ ਅਧਿਕਾਰੀਆਂ ਨੂੰ ਇਸ ਲਾਪਰਵਾਹੀ ਲਈ

ਤਾੜਨਾ ਕੀਤੀ ਅਤੇ ਜਲੰਧਰ ਦੇ  ਡਿਪਟੀ ਕਮਿਸ਼ਨਰ  ਨੂੰ ਇਸ ਬਾਬਤ ਜਿੰਮੇਵਾਰ ਧਿਰਾਂ ਅਤੇ ਅਧਿਕਾਰੀਆਂ ਖ਼ਿਲਾਫ਼ ਕਾਰਵਾਈ ਲਈ ਕਿਹਾ । ਉਨ੍ਹਾਂ ਇਹ ਵੀ ਕਿਹਾ ਕਿ ਇਸ ਨਾਲ ਸੰਬੰਧਤ ਹਰ ਵਿਭਾਗ ਦੇ ਅਧਿਕਾਰੀਆਂ ਦੀ ਜੁਆਬਦੇਹੀ ਵੀ ਤੈਅ ਕੀਤੀ ਜਾਵੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਮਿਸ਼ਨਰ ਨਗਰ ਨਿਗਮ ਨੂੰ ਮੌਕੇ ਦਾ ਦੌਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਮਿਸ਼ਨਰ ਨਗਰ ਨਿਗਮ ਨੂੰ ਤਿੰਨ ਦਿਨਾਂ ਵਿੱਚ ਸਟੇਟਸ ਰਿਪੋਰਟ ਸੌਂਪਣ ਦੀ ਵੀ ਸਖ਼ਤ ਹਦਾਇਤ ਕੀਤੀ । ਸੰਤ ਸੀਚੇਵਾਲ ਨੇ ਕਈ ਮਹੀਨਿਆਂ ਤੋਂ ਡਰੇਨ ਪੱਕਾ ਕਰਨ ਦੇ ਚੱਲ ਰਹੇ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਡਰੇਨ ਨੂੰ ਲੈ ਕੇ ਚੱਲ ਰਹੇ ਕਾਰਜਾਂ ਨੂੰ ਜਲਦ ਤੋਂ ਜਲਦ ਪੂਰਾ ਕੀਤਾ ਜਾਵੇ ।

---------------------------------------------------------------------

ਭਾਰਤੀ ਫੌਜ ਦੀ ਵਜਰਾ ਕੋਰ ਨੇ ਕੱਲ ਹੁਸ਼ਿਆਰਪੁਰ, ਪੰਜਾਬ ਵਿਖੇ 'ਵੀਰੋਂ ਕਾ ਸਨਮਾਨ, ਦੇਸ਼ ਕਾ ਅਭਿਮਾਨ' ਥੀਮ ਤਹਿਤ  ਵਿਸ਼ਾਲ ਸਾਬਕਾ ਸੈਨਿਕ ਰੈਲੀ  ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਹੁਸ਼ਿਆਰਪੁਰ ਅਤੇ ਨੇੜਲੇ ਜ਼ਿਲ੍ਹਿਆਂ ਦੇ 2,000 ਤੋਂ ਵੱਧ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਸ਼ਿਰਕਤ ਕੀਤੀ।  ਵਜਰਾ ਕੋਰ ਦੇ ਜਨਰਲ ਕਮਾਂਡਿੰਗ ਅਫਸਰ , ਲੈਫਟੀਨੈਂਟ ਜਨਰਲ ਅਜੈ ਚਾਂਦਪੁਰੀਆ ਨੇ ਜਵਾਨਾਂ ਦੀ

ਕੁਰਬਾਨੀ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਫੌਜ ਦੇ ਅਟੁੱਟ ਸਮਰਥਨ ਦਾ ਭਰੋਸਾ ਦਿੱਤਾ।

--------------------------------------------------------------------------

ਜਾਰਡਨ ਦੀ ਰਾਜਧਾਨੀ Oman ਵਿੱਚ, ਏਸ਼ੀਅਨ ਕੁਸ਼ਤੀ ਚੈਂਪੀਅਨਸ਼ਿਪ ਦੇ ਫ੍ਰੀਸਟਾਈਲ ਮੁਕਾਬਲੇ ਵਿੱਚ ਓਲੰਪਿਕ ਤਮਗਾ ਜੇਤੂ ਦੀਪਕ ਪੂਨੀਆ ਅਤੇ ਉਦਿਤ ਨੇ ਚਾਂਦੀ ਦਾ ਤਮਗਾ ਜਿੱਤਿਆ। ਦੀਪਕ ਪੂਨੀਆ ਨੇ 92 ਕਿਲੋਗ੍ਰਾਮ ਵਰਗ ਵਿੱਚ ਚਾਂਦੀ ਦਾ ਤਮਗਾ ਅਤੇ ਉਦਿਤ ਨੇ 61 ਕਿਲੋਗ੍ਰਾਮ ਵਰਗ ਵਿੱਚ ਚਾਂਦੀ ਦਾ ਤਮਗਾ ਜਿੱਤਿਆ । ਦਿਨੇਸ਼ ਨੇ 125 ਕਿਲੋਗ੍ਰਾਮ ਭਾਰ ਵਰਗ ਵਿੱਚ ਤੁਰਕਮੇਨਿਸਤਾਨ ਦੇ ਜ਼ਿਆਮਹਮਦ ਸਪਾਰੋਵ ਨੂੰ ਹਰਾਇਆ। ਭਾਰਤ ਨੇ ਇਸ ਮੁਕਾਬਲੇ ਵਿੱਚ ਸੱਤ ਤਮਗੇ ਜਿੱਤੇ ਹਨ। ਇਨ੍ਹਾਂ ਵਿੱਚ ਇੱਕ ਸੋਨੇ, ਤਿੰਨ ਚਾਂਦੀ ਅਤੇ ਦੋ ਕਾਂਸੀ ਦੇ ਤਮਗੇ ਸ਼ਾਮਲ ਹਨ।